# ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ

**ਪੰਜਾਬ ਆਈ.ਸੀ.ਟੀ. ਐਜੂਕੇਸ਼ਨ ਸੋਸਾਇਟੀ**
**ਐਸ.ਸੀ.ਓ. 162-164, ਤੀਸਰੀ ਮੰਜ਼ਿਲ ਸੈਕਟਰ 34-ਏ, ਚੰਡੀਗੜ੍ਹ**
(Phone no) 0172-5043253, 5043244, (fax) 0172-5043244

ਸੇਵਾ ਵਿਖੇ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:)
ਪੰਜਾਬ ।

ਮੀਮੋ ਨੰ 4/1-ਆਈ.ਸੀ.ਟੀ/2012-13/ਸੈਲਰੀ/2237-56
ਮਿਤੀ ਚੰਡੀਗੜ੍ਹ:10.4.2012

**ਵਿਸ਼ਾ:-** **ਕੰਪਿਊਟਰ ਟੀਚਰਾਂ ਦੀ ਤਨਖਾਹ ਦੀ ਅਦਾਇਗੀ ਸਬੰਧੀ।**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਦਫਤਰ ਦੇ ਧਿਆਨ ਵਿੱਚ ਆਇਆ ਹੈ ਕਿ ਕੁੱਝ ਜ਼ਿਲ੍ਹਿਆਂ ਵਿੱਚ ਕੰਪਿਊਟਰ ਅਧਿਆਪਕਾਂ ਦੇ ਬੈਂਕ ਖਾਤੇ ਨਹੀਂ ਖੁਲਵਾਏ ਗਏ ਜਿਸ ਕਰਕੇ ਉਹਨਾਂ ਦੀ ਤਨਖਾਹ ਸਕੂਲ ਮੁੱਖੀਆਂ ਵੱਲੋਂ ਉਹਨਾਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਨਹੀਂ ਕਰਵਾਈ ਜਾਂਦੀ । ਉਹਨਾਂ ਨੂੰ ਤਨਖਾਹ ਚੈੱਕ ਰਾਹੀਂ ਦਿੱਤੀ ਜਾਂਦੀ ਹੈ ਅਤੇ ਕੰਪਿਊਟਰ ਅਧਿਆਪਕਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ।

ਇਸ ਸਬੰਧੀ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਜ਼ਿਲ੍ਹੇ ਦੇ ਜਿਹੜੇ ਕੰਪਿਊਟਰ ਅਧਿਆਪਕਾਂ ਦੇ ਬੈਂਕ ਖਾਤੇ ਨਹੀਂ ਖੁਲਵਾਏ ਗਏ ਉਹ ਤੁਰੰਤ ਖੁਲਵਾਏ ਜਾਣ ਅਤੇ ਉਹਨਾਂ ਦੀ ਤਨਖਾਹ ਉਹਨਾਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਕਰਵਾਈ ਜਾਵੇ । ਉਹਨਾਂ ਨੂੰ ਤਨਖਾਹ ਚੈੱਕ ਰਾਹੀਂ ਨਾ ਦਿੱਤੀ ਜਾਵੇ। ਇਸ ਸਬੰਧੀ ਮੁੱਖ ਦਫਤਰ ਨੂੰ ਇਹ ਸਰਟੀਫਿਕੇਟ ਦਿੱਤਾ ਜਾਵੇ ਕਿ ਸਾਰੇ ਕੰਪਿਊਟਰ ਅਧਿਆਪਕਾਂ ਦੇ ਬੈਂਕ ਖਾਤੇ ਖੁਲਵਾ ਦਿੱਤੇ ਗਏ ਹਨ ਅਤੇ ਕੋਈ ਵੀ ਕੰਪਿਊਟਰ ਅਧਿਆਪਕ ਇਸ ਤਰ੍ਹਾਂ ਦਾ ਨਹੀਂ ਹੈ ਜਿਸ ਦਾ ਬੈਂਕ ਖਾਤੇ ਨਾ ਖੁਲਵਾਇਆ ਗਿਆ ਹੋਵੇ।

ਇਹਨਾਂ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕੀਤੀ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ,**
**ਪੰਜਾਬ ਆਈ.ਸੀ.ਟੀ ਐਜੂਕੇਸ਼ਨ ਸੋਸਾਇਟੀ,**
**ਚੰਡੀਗੜ੍ਹ ।**